ਸੋਧਿਆ ਹੋਇਆ

**15ਵੀਂ ਵਿਧਾਨ ਸਭਾ**

**15ਵਾਂ (ਵਿਸ਼ੇਸ਼) ਸਮਾਗਮ**

**ਪੰਜਾਬ ਵਿਧਾਨ ਸਭਾ**

ਬੁਲੇਟਿਨ ਨੰ : 1

ਸ਼ੁੱਕਰਵਾਰ, 3 ਸਤੰਬਰ, 2021

( 10.00 ਵਜੇ ਸਵੇਰ ਤੋਂ 1.03 ਵਜੇ ਬਾਅਦ ਦੁਪਹਿਰ ਤੱਕ)

1. **ਅਕਾਲ ਚਲਾਣਿਆਂ ਦਾ ਵਰਣਨ**

ਮਾਨਯੋਗ ਸਪੀਕਰ ਵੱਲੋਂ ਨਿਮਨਲਿਖਤ ਦੇ ਅਕਾਲ ਚਲਾਣਿਆਂ ਦਾ ਵਰਣਨ ਕੀਤਾ ਗਿਆ :-

1. ਸ੍ਰੀ ਆਰ.ਐਲ ਭਾਟੀਆ, ਸਾਬਕਾ ਕੇਂਦਰੀ ਰਾਜ ਮੰਤਰੀ
2. ਸਰਦਾਰ ਗੁਰਨਾਮ ਸਿੰਘ ਅਬੁਲ ਖੁਰਾਣਾ, ਸਾਬਕਾ ਮੰਤਰੀ
3. ਸਰਦਾਰ ਗੁਲਜ਼ਾਰ ਸਿੰਘ, ਸਾਬਕਾ ਮੰਤਰੀ
4. ਸ੍ਰੀਮਤੀ ਸੁਰਜੀਤ ਕੌਰ ਕਾਲਕਟ, ਸਾਬਕਾ ਮੰਤਰੀ
5. ਚੌਧਰੀ ਰਾਧਾ ਕ੍ਰਿਸ਼ਨ, ਸਾਬਕਾ ਮੰਤਰੀ
6. ਸਰਦਾਰ ਇੰਦਰਜੀਤ ਸਿੰਘ ਜ਼ੀਰਾ, ਸਾਬਕਾ ਰਾਜ ਮੰਤਰੀ
7. ਸ੍ਰੀ ਜਗਦੀਸ਼ ਸਾਹਨੀ, ਸਾਬਕਾ ਮੁੱਖ ਸੰਸਦੀ ਸਕੱਤਰ
8. ਸਰਦਾਰ ਸੁਖਦਰਸ਼ਨ ਸਿੰਘ ਮਰਾੜ, ਸਾਬਕਾ ਐਮ.ਐਲ.ਏ
9. ਸਰਦਾਰ ਜਗਰਾਜ ਸਿੰਘ ਗਿੱਲ, ਸਾਬਕਾ ਐਮ.ਐਲ.ਏ
10. ਸ਼ਹੀਦ ਪ੍ਰਭਜੀਤ ਸਿੰਘ, ਸਿਪਾਹੀ
11. ਸ੍ਰੀ ਕਾਲਾ ਸਿੰਘ, ਸੁਤੰਤਰਤਾ ਸੰਗਰਾਮੀ
12. ਸ੍ਰੀ ਗੁਰਦੇਵ ਸਿੰਘ, ਸੁਤੰਤਰਤਾ ਸੰਗਰਾਮੀ
13. ਸ੍ਰੀ ਰਣਜੀਤ ਸਿੰਘ, ਸੁਤੰਤਰਤਾ ਸੰਗਰਾਮੀ
14. ਸ੍ਰੀ ਸੁਲੱਖਣ ਸਿੰਘ, ਸੁਤੰਤਰਤਾ ਸੰਗਰਾਮੀ
15. ਸ੍ਰੀ ਮਿਲਖਾ ਸਿੰਘ, ਅਥਲੀਟ
16. ਸਰਦਾਰਨੀ ਮਾਨ ਕੌਰ, ਅਥਲੀਟ
17. ਸ੍ਰੀ ਵਾਈ.ਐਸ.ਰੱਤੜਾ, ਆਈ.ਏ.ਐਸ.(ਰਿਟਾ.)
18. ਮਹੁੰਮਦ ਇਜ਼ਹਾਰ ਆਲਮ, ਆਈ.ਪੀ.ਐਸ. (ਰਿਟਾ.)
19. ਸ੍ਰੀ ਰਸ਼ਪਾਲ ਮਲਹੋਤਰਾ, ਬਾਨੀ, ਸੀ.ਆਰ,ਆਰ.ਆਈ.ਡੀ.
20. ਸ੍ਰੀਮਤੀ ਮਹਿੰਦਰ ਕੌਰ (ਕੈਬਨਿਟ ਰੈਂਕ) ਅਤੇ
21. ਸ੍ਰੀ ਕੁਲਦੀਪ ਸਿੰਘ ਧੋਸ, ਸਾਬਕਾ ਮੈਂਬਰ, ਐਸ.ਜੀ.ਪੀ.ਸੀ।

ਮਾਨਯੋਗ ਸਪੀਕਰ ਵੱਲੋਂ ਉਪਰੋਕਤ ਵਰਣਿਤ ਮਹਾਨ ਸ਼ਖਸੀਅਤਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਇਨ੍ਹਾਂ ਤੋਂ ਇਲਾਵਾ ਰਾਣਾ ਗੁਰਮੀਤ ਸਿੰਘ ਸੋਢੀ, ਖੇਡਾਂ ਤੇ ਯੁਵਕ ਮਾਮਲੇ ਮੰਤਰੀ ਦੁਆਰਾ ਸ੍ਰੀ ਯਸਪਾਲ ਸ਼ਰਮਾ, ਕ੍ਰਿਕਟਰ ਅਤੇ ਸ੍ਰੀਮਤੀ ਨਿਰਮਲ ਮਿਲਖਾ ਸਿੰਘ, ਅਥਲੀਟ, ਸਰਦਾਰ ਰਣਦੀਪ ਸਿੰਘ ਨਾਭਾ ਦੁਆਰਾ ਨਾਇਕ ਗੁਰਜੰਟ ਸਿੰਘ, ਚੀਨ ਬਾਰਡਰ ਤੇ ਹੋਏ ਸ਼ਹੀਦ, ਸ੍ਰੀ ਪਵਨ ਕੁਮਾਰ ਟੀਨੂੰ ਦੁਆਰਾ ਸੰਤ ਬਾਬਾ ਦਿਲਾਵਰ ਸਿੰਘ, ਚਾਂਸਲਰ, ਬਾਬਾ ਭਾਗ ਸਿੰਘ ਯੂਨੀਵਰਸਿਟੀ, ਆਦਮਪੁਰ, ਸ. ਜਗਤਾਰ ਸਿੰਘ ਜੱਗਾ ਹਿੱਸੋਵਾਲ ਦੁਆਰਾ ਸ਼ਹੀਦ ਗੁਰਮੁਖ ਸਿੰਘ, ਛਤੀਸਗੜ੍ਹ ਵਿੱਚ ਹੋਏ ਸ਼ਹੀਦ ਅਤੇ ਵੱਖ ਵੱਖ ਮਾਨਯੋਗ ਮੈਂਬਰਾਂ ਦੁਆਰਾ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨਾਂ ਦੇ ਨਾਮ ਅੱਜ ਦੇ ਸ਼ੋਕ ਪ੍ਰਸਤਾਵਾਂ ਵਾਲੀ ਸੂਚੀ ਵਿੱਚ ਸ਼ਾਮਲ ਕਰਨ ਲਈ ਕਹੇ ਜਾਣ ਤੇ ਮਾਨਯੋਗ ਸਪੀਕਰ ਵੱਲੋਂ ਉਨ੍ਹਾਂ ਦੇ ਨਾਵਾਂ ਨੂੰ ਵੀ ਸ਼ਰਧਾਂਜਲੀਆਂ ਵਾਲੀ ਸੂਚੀ ਵਿੱਚ ਸ਼ਾਮਲ ਕਰ ਲਿਆ ਗਿਆ।

ਮਾਨਯੋਗ ਸਪੀਕਰ ਵੱਲੋਂ ਸਦਨ ਨੂੰ ਸੂਚਿਤ ਕੀਤਾ ਗਿਆ ਕਿ ਵਿਛੜੀਆਂ ਸ਼ਖਸੀਅਤਾਂ ਦੇ ਦੁਖੀ ਪਰਿਵਾਰਾਂ ਨੂੰ ਸ਼ੋਕ ਸੁਨੇਹੇ ਭੇਜ ਦਿੱਤੇ ਜਾਣਗੇ।

ਸਦਨ ਨੇ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਸਤਿਕਾਰ ਵਜੋਂ ਦੋ ਮਿੰਟ ਲਈ ਖੜ੍ਹੇ ਹੋ ਕੇ ਮੌਨ ਧਾਰਨ ਕੀਤਾ।

**2. ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ**

ਮਾਨਯੋਗ ਸਪੀਕਰ ਵੱਲੋਂ ਸ਼ਰਧਾਂਜਲੀਆਂ ਭੇਂਟ ਕਰਨ ਉਪਰੰਤ ਸਤਿਕਾਰ ਵਜੋਂ ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕੀਤਾ ਗਿਆ ਅਤੇ ਇਹ ਵੀ ਸੂਚਿਤ ਕੀਤਾ ਗਿਆ ਕਿ ਸ੍ਰੀ ਗੁਰੂ ਤੇਗ ਬਹਾਦੁਰ ਜੀ ਦੇ 400ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 11:00 ਵਜੇ ਤੋਂ ਵਿਸ਼ੇਸ਼ ਸਮਾਗਮ ਦੀ ਸਮਾਪਤੀ ਉਪਰੰਤ, ਰਹਿੰਦੀ ਕਾਰਵਾਈ ਲਈ ਸਦਨ 1:00 ਵਜੇ ਬਾਅਦ ਦੁਪਹਿਰ ਨੂੰ ਮੁੜ ਇਕੱਤਰ ਹੋਵੇਗਾ।

**3. ਮਾਨਯੋਗ ਸਪੀਕਰ ਦੁਆਰਾ ਐਲਾਨ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 13 (1) ਅਧੀਨ ਨਿਮਨਲਿਖਤ ਮੈਂਬਰਾਂ ਨੂੰ ਸਭਾਪਤੀ ਨਾਮਾਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

I. ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ
II. ਸਰਦਾਰ ਗੁਰਕੀਰਤ ਸਿੰਘ ਕੋਟਲੀ
III. ਸ੍ਰੀਮਤੀ ਸਰਵਜੀਤ ਕੌਰ ਮਾਣੂਕੇ
IV. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

**4. ਸਕੱਤਰ ਦੁਆਰਾ ਐਲਾਨ**

ਸਕੱਤਰ ਵੱਲੋਂ 15ਵੀਂ ਵਿਧਾਨ ਸਭਾ ਦੁਆਰਾ ਇਸ ਦੇ 14ਵੇਂ ਸਮਾਗਮ (ਬਜਟ) ਦੌਰਾਨ ਪਾਸ ਕੀਤੇ ਗਏ ਬਿੱਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

**5. ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ ਮਿਤੀ 03-09-2021 ਨੂੰ ਵਿਧਾਨ ਸਭਾ ਦੀ ਬਾਕੀ ਰਹਿੰਦੀ ਬੈਠਕ ਦੇ ਦੌਰਾਨ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿੱਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

"ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ"।

**6. ਨਿਯਮ 16 ਅਧੀਨ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ"।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

ਸੁਰਿੰਦਰ ਪਾਲ
ਸਕੱਤਰ

ਚੰਡੀਗੜ੍ਹ
03 ਸਤੰਬਰ,2021

8/9/21

Principal Chief Reporter
Punjab Vidhan Sabha
Chandigrah